ਨੰ: 3/73/2011-3ਸਿ3/1263

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਬਾਬਾ ਇਸਰ ਸਿੰਘ ਬਾਬਾ ਕੁੰਦਨ ਸਿੰਘ ਨਾਨਕਸਰ ਪਬਲਿਕ ਸਕੂਲ,
ਝੋਰੜਾਂ, ਤਹਿ: ਰਾਏਕੋਟ (ਲੁਧਿਆਣਾ)

ਮਿਤੀ: ਚੰਡੀਗੜ੍ਹ 12/6/12

ਵਿਸ਼ਾ:- **ਬਾਬਾ ਇਸਰ ਸਿੰਘ ਬਾਬਾ ਕੁੰਦਨ ਸਿੰਘ ਨਾਨਕਸਰ ਪਬਲਿਕ ਸਕੂਲ, ਝੋਰੜਾਂ, ਤਹਿ: ਰਾਏਕੋਟ (ਲੁਧਿਆਣਾ) ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

ਸ੍ਰੀਮਾਨ ਜੀ

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਕਰਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਦੂਸਰਾ ਪੰਨਾ---

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤ ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ:3/73/2011-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/81-2011 ਗ੍ਰਾਂਟ-1(3), ਮਿਤੀ 23-11-2011 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਬਾਬਾ ਇਸਰ ਸਿੰਘ ਬਾਬਾ ਕੁੰਦਨ ਸਿੰਘ ਨਾਨਕਸਰ ਪਬਲਿਕ ਸਕੂਲ, ਝੋਰੜਾਂ, ਤਹਿ: ਰਾਏਕੋਟ (ਲੁਧਿਆਣਾ) ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਵਧੀਕ ਸਕੱਤਰ ਸਕੂਲ ਸਿੱਖਿਆ

True Translation From Panjabi to English

No: 3/73/2011-3S3/1263
Panjab Government
Education Department
( Education- 3 Branch)

NOTARY GOVT. OF INDIA
Walaiti Ram Chopra ADVOCATE LUDHIANA (PB.) Regd. No. 2389
NOTARIAL

To

The Principal
Baba Isher Singh Baba Kundan Singh ( Nanaksar ) Public School
Jhoraran, Teh. Raikot Ludhiana.
Dt Chandigarh 12/6/12.

Sub :- Regarding issuance of No Objection Certificate in respect of Baba Isher Singh Baba Kundan Singh (Nanaksar) Public School Jhoraran, Teh Raikot, Ludhiana.

Sir,

In reference to above cited subject

2. After considering the documents along with affidavits produced by the management of your school and recommendation of District Education officer (ss) Ludhiana and Director Public instructions (ss) Panjab Chandigarh, required No Objection Certificate is being issued on the undermentioned terms and Conditions :-

1. In future incase of any complaint/inspection it comes to light, that you have given wrong information to the Government in your application for obtaining the No Objection Certificate, or you are not abiding the instructions of Panjab Govt, given from time to time and in this way you are not abiding the terms and conditions as mentioned in the affidavits in that event No Objection Certificate can be withdrawn at any time.
2. To teach Panjabi in your school up to X std will be compulsory. CBSE New Delhi will make sure in respect of examination of Panjabi and it is also Explicited that in case you will not do so, then No Objection Certificate will be withdrawn with immediate effect
3. School management will fully follow the Right to Education act,2009 issued by notification of Education Department of Government of Punjab
4. After getting affiliation from CBSE New Delhi the management of above said school is bound to pay the salary to its teaching and non teaching staff according to the Govt employees along with their allowances through account payees Cheques. In case it is not done so the No Objection Certificate shall be withdrawn immediately.
5. You ,your self and your management will make sure that as and when District Education Officer or senior official of education department of your district rquire any information then you will get the same provided and will

TRUE TRANSLATION FROM
PUNJABI TO ENGLISH LANGUAGE

Sd
Additional Secretary School Education

NOTARY
Walaiti Ram Chopra ADVOCATE LUDHIANA (PB.) Regd. No. 2389

ATTESTED

Ref No 3/73/2011-3 S 3/1263

Dt Chandigarh

Copy sent to education department (ss) Panjab Chandigarh, in reference to their memo No 15/81-2011 Grant1-(3) dated 23.11.2011 and requested that one time inspection be got conducted of the above school in the period of five years and inspection report be sent to the Government so that it should come to know that either the concerned school is abiding the instructions of Panjab Government or not.

2. Baba Isher Singh Baba Kundan Singh ( Nanaksar ) Public School Jhoraran, Teh. Raikot, LUDHIANA' s Miscle is being sent in original

Sd
Additional Secretary School Education

TRUE TRANSLATION FROM
PUNJABI TO ENGLISH LANGUAGE

15 JUN 2012

NOTARY
Walaiti Ram Chopra
ADVOCATE
LUDHIANA (PB.)
Regd. No. 2389
GOVT. OF INDIA

ATTESTED

NOTARY PUBLIC
LUDHIANA (PUNJAB)